# Telephone Conversation between Prime Minister and H.E. Ursula Von Der Leyen, President of the European Commission

March 24, 2020

…………………………………………………………………………………

## ਪ੍ਰਧਾਨ ਮੰਤਰੀ ਅਤੇ ਯੂਰਪੀਅਨ ਕਮਿਸ਼ਨ ਦੀ ਪ੍ਰਧਾਨ ਮਹਾਮਹਿਮ ਉਰਸੁਲਾ ਵੋਨ ਡੇਰ ਲੇਅਨ ਵਿਚਾਲੇ ਟੈਲੀਫੋਨ 'ਤੇ ਗੱਲਬਾਤ

24 ਮਾਰਚ, 2020

ਪ੍ਰਧਾਨ ਮੰਤਰੀ ਨੇ ਅੱਜ ਯੂਰਪੀਅਨ ਕਮਿਸ਼ਨ ਦੀ ਪ੍ਰਧਾਨ ਮਹਾਮਹਿਮ ਉਰਸੁਲਾ ਵੋਨ ਡੇਰ ਲੇਅਨ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ। ਦੋਨਾਂ ਆਗੂਆਂ ਨੇ ਵਰਤਮਾਨ ਕੋਵਿਡ -19 ਮਹਾਂਮਾਰੀ ਦੇ ਪਿਛੋਕੜ 'ਚ ਦੁਨੀਆਂ ਦੇ ਹਾਲਾਤ ਬਾਰੇ ਵਿਚਾਰ ਵਟਾਂਦਰੇ ਕੀਤੇ।

ਪ੍ਰਧਾਨ ਮੰਤਰੀ ਨੇ ਕੋਵਿਡ -19 ਕਾਰਨ ਯੂਰਪੀਅਨ ਯੂਨੀਅਨ ਵਿੱਚ ਹੋਏ ਜਾਨੀ ਨੁਕਸਾਨ ‘ਤੇ ਦੁੱਖ ਦਾ ਪ੍ਰਗਟਾਅ ਕੀਤਾ। ਉਨ੍ਹਾਂ ਇਸ ਮਹਾਂਮਾਰੀ ਨਾਲ ਲੜਨ ਲਈ ਸਾਰੇ ਦੇਸ਼ਾਂ ਦਰਮਿਆਨ ਤਾਲਮੇਲ ਅਤੇ ਸਹਿਯੋਗ ਦੀ ਲੋੜ 'ਤੇ ਜ਼ੋਰ ਦਿੱਤਾ। ਪ੍ਰਧਾਨ ਮੰਤਰੀ ਨੇ ਕੋਰੋਨਾਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਭਾਰਤ ਵੱਲੋਂ ਚੁੱਕੇ ਗਏ ਕਦਮਾਂ ਬਾਰੇ ਵੀ ਵਿਸਤਾਰ ਨਾਲ ਗੱਲ ਕੀਤੀ।

ਸੁਸ਼੍ਰੀ ਵੋਨ ਡੇਰ ਲੇਅਨ ਨੇ ਇਸ ਗੱਲ ਦਾ ਜ਼ਿਕਰ ਕੀਤਾ ਕਿ ਪ੍ਰਧਾਨ ਮੰਤਰੀ ਵੱਲੋਂ ਸ਼ੁਰੂਆਤੀ ਕਦਮ ਚੁੱਕਣ ਦੇ ਮਾਮਲੇ 'ਚ ਕੀਤੀ ਗਈ ਅਗਵਾਈ ਹੀ ਭਾਰਤ ਵਿਚ ਇਸ ਬਿਮਾਰੀ ਦੇ ਤੇਜ਼ ਫੈਲਾਅ ਨੂੰ ਰੋਕਣ ਦੀ ਕੁੰਜੀ ਹੈ। ਉਨ੍ਹਾਂ ਇਨ੍ਹਾਂ ਹਾਲਾਤ ਵਿਚ ਭਾਰਤ ਵਿੱਚ ਰਹਿ ਰਹੇ ਯੂਰਪੀਅਨ ਨਾਗਰਿਕਾਂ ਨੂੰ ਦਿੱਤੀ ਜਾ ਰਹੀ ਮਦਦ ਦੀ ਵੀ ਸ਼ਲਾਘਾ ਕੀਤੀ।

ਸੁਸ਼੍ਰੀ ਵੋਨ ਡੇਰ ਲੇਅਨ ਨੇ ਦਵਾਈਆਂ ਸਮੇਤ ਜ਼ਰੂਰੀ ਚੀਜ਼ਾਂ ਦੀ ਲਗਾਤਾਰ ਸਪਲਾਈ ਨੂੰ ਬਣਾਈ ਰੱਖਣ ਅਤੇ ਟੀਕੇ ਦੇ ਵਿਕਾਸ ਲਈ ਤਾਲਮੇਲ ਨਾਲ ਕੋਸ਼ਿਸ਼ਾਂ ਕਰਨ ਮਹੱਤਤਾ ਤੇ ਜ਼ੋਰ ਦਿੱਤਾ।

ਦੋਵਾਂ ਆਗੂਆਂ ਨੇ G -20 ਦੇ ਢਾਂਚੇ ਅੰਦਰ ਸੰਭਾਵਤ ਸਹਿਯੋਗ ਅਤੇ ਇਸ ਸੰਬੰਧ ਵਿਚ ਹੋਣ ਵਾਲੀ ਵੀਡੀਓ ਕਾਨਫਰੰਸ ਬਾਰੇ ਗੱਲਬਾਤ ਕੀਤੀ।

ਨਵੀਂ ਦਿੱਲੀ
24 ਮਾਰਚ, 2020

DISCLAIMER : This is an approximate translation. The original is available in English on MEA’s website and may be referred to as the official press release.